# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-05-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਟਿਆਲਾ ਵਿਚ BJP ਦੀ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੰਡੀ ਗਠਜੋੜ ਸਮਾਜ ਤੇ ਦੇਸ਼ ਨੂੰ ਵੰਡਣਾ ਚਾਹੁੰਦਾ ਏ, ਜਦਕਿ ਮੋਦੀ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣਾ ਚਾਹੁੰਦਾ ਏ।
- ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਲੋਕਸਭਾ ਹਲਕੇ ਵਿਚ ਰੋਡ ਸ਼ੋ ਕੀਤਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੀ ਪ੍ਰਚਾਰ ਵਿਚ ਰੁਝੇ।
- ਚੋਣ ਕਮਿਸ਼ਨ ਨੇ ਜਲੰਧਰ ਲੋਕਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਨੂੰ, ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਲਈ ਚਿਤਾਵਨੀ ਦਿੱਤੀ ਏ।

- ਪੰਜਾਬ ਵਿਚ ਜਬਰਦਸਤ ਗਰਮੀ ਦਾ ਕਹਿਰ ਅਗਲੇ ਦਿਨਾਂ ਵਿਚ ਵਧਣ ਦੀ ਸੰਭਾਵਨਾ, ਬਿਜਲੀ ਦੀ ਮੰਗ ਵੀ ਕਈ ਗੁਣਾ ਵੱਧ ਗਈ ਏ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਲੋਕਾਂ ਨੂੰ ਵਿਕਸਿਤ ਭਾਰਤ ਤੇ ਵਿਕਸਿਤ ਪੰਜਾਬ ਦੇ ਨਾਮ ਤੇ ਵੋਟ ਦੇਣ ਦੀ ਅਪੀਲ ਕਰਦਿਆਂ ਕਿਹਾ ਏ, ਕਿ ਇਹ, ਇਕ ਇਕ ਵੋਟ ਮੋਦੀ ਨੂੰ ਜਾਂਦਾ ਏ। ਪਟਿਆਲਾ ਦੇ ਪੋਲੋ ਗਰਾਉਂਡ ਵਿਚ ਅੱਜ BJP ਦੀ ਫਤਿਹ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਏ ਕਿ ਇੰਡੀ ਗਠਜੋੜ ਸਮਾਜ ਅਤੇ ਦੇਸ਼ ਨੂੰ ਵੰਡਣਾ ਚਾਹੁੰਦਾ ਏ ਜਦਕਿ ਮੋਦੀ, ਦੇਸ਼ ਨੂੰ ਵਿਕਸਿਤ ਭਾਰਤ ਬਣਾਉਣਾ ਚਾਹੁੰਦਾ ਏ। ਉਨਾਂ ਕਿਹਾ ਕੇਂਦਰ ਸਰਕਾਰ ਨੇ, ਸ਼੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਖੋਲਿਆ, ਲੰਗਰ ਨੂੰ ਟੈਕਸ ਫ੍ਰੀ ਕੀਤਾ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਮਾਨ ਦੇਣ ਲਈ ਹੀ, ਵੀਰ ਬਾਲ ਦਿਵਸ ਮਨਾਉਣ ਦਾ ਐਲਾਨ ਕੀਤਾ ਗਿਆ । ਉਨਾਂ ਕਿਹਾ ਕਿ ਉਹ ਇਹ ਸਾਰੇ ਕੰਮ, ਵੋਟ ਲਈ ਨਹੀਂ ਕਰ

ਰਹੇ ਬਲਕਿ ਗੁਰੂਆਂ ਦੇ ਤਿਆਗ ਅਤੇ ਬਲੀਦਾਨ ਸਾਹਮਣੇ, ਉਨਾਂ ਦਾ ਸਿਰ ਝੁਕਦਾ ਏ। ਉਨਾਂ ਕਿਹਾ ਕਿ ਕਿਸਾਨਾ ਦੇ ਲਾਭ ਲਈ ਕਈ ਫੈਸਲੇ ਲਏ ਨੇ ਅਤੇ 10 ਸਾਲ ਵਿਚ ਕਣਕ ਤੇ ਝੋਨੇ ਦੀ ਰਿਕਾਰਡ ਖਰੀਦ MSP ਤੇ ਕੀਤੀ ਗਈ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਕਾਗਜ਼ੀ ਨੇ ਅਤੇ ਉਨਾਂ ਨੂੰ ਦਿੱਲੀ ਦਰਬਾਰ ਵਿਚ ਹਾਜ਼ਰੀ ਲਗਾਉਣ ਤੋਂ ਹੀ ਫੁਰਸਤ ਨਹੀਂ ਏ। ਉਨਾਂ ਕਿਹਾ ਕਿ ਪੰਜਾਬ ਵਿਚ ਕਾਂਗਰਸ ਪਾਰਟੀ ਅਤੇ ਆਮ ਆਦਮੀ ਪਾਰਟੀ ਦਿਖਾਵੇ ਲਈ ਹੀ, ਅਲੱਗ ਅਲੱਗ ਚੋਣ ਲੜਨ ਦਾ ਨਾਟਕ ਕਰ ਰਹੀਆਂ ਨੇ ਅਤੇ ਇਨਾਂ ਦੀ ਦੁਕਾਨ ਇਕ ਹੀ ਏ, ਇਸ ਲਈ ਇਨਾਂ ਤੋਂ ਬਚਣਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਰਜ਼ ਤੇ ਚਲ ਰਹੀ ਏ ਅਤੇ ਇਹ ਪੰਜਾਬ ਦਾ ਵਿਕਾਸ ਨਹੀਂ ਕਰ ਸਕਦੇ। ਪ੍ਰਧਾਨ ਮੰਤਰੀ ਦੀ ਇਸ ਰੈਲੀ ਨਾਲ, ਸੂਬੇ ਵਿਚ ਚੋਣ ਮੈਦਾਨ ਹੁਣ ਪੂਰੀ ਤਰ੍ਹਾਂ ਨਾਲ ਭਖ ਗਿਆ ਏ ਅਤੇ ਰੈਲੀ ਵਿਚ ਮੌਜੂਦ ਪਾਰਟੀ ਵਰਕਰਾਂ ਵਿਚ ਖਾਸ ਉਤਸ਼ਾਹ ਵੇਖਿਆ ਗਿਆ।

---------------------------------------------------

ਇਸ ਦੌਰਾਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 24 ਮਈ ਨੂੰ ਗੁਰਦਾਸਪੁਰ ਅਤੇ ਜਲੰਧਰ ਵਿਚ BJP ਦੀਆਂ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ। ਇਨਾਂ ਰੈਲੀਆਂ ਲਈ ਤਿਆਰੀਆਂ ਜੰਗੀ ਪੱਧਰ ਤੇ ਕੀਤੀਆਂ ਜਾ ਰਹੀਆਂ ਨੇ। ਦੋਹਾਂ ਜ਼ਿਲਿਆਂ ਨੂੰ ਭਲਕੇ ਦੁਪਹਿਰ ਤੋਂ ਰਾਤ ਤਕ, ਨੋ ਫਲਾਇੰਗ ਜ਼ੋਨ ਐਲਾਨਿਆ ਗਿਆ ਏ। ਜਲੰਧਰ ਦੇ PAP ਗਰਾਉਂਡ ਵਿਚ ਹੋਣ ਵਾਲੀ ਇਸ ਫਤਿਹ ਰੈਲੀ ਨੂੰ ਵੇਖਦਿਆਂ ਅੰਮ੍ਰਿਤਸਰ - ਲੁਧਿਆਣਾ ਅਤੇ ਲੁਧਿਆਣਾ - ਪਠਾਨਕੋਟ ਰੂਟ ਤੇ ਟ੍ਰੈਫਿਕ ਪੁਲਿਸ ਨੇ ਭਲਕੇ ਬਾਅਦ ਦੁਪਹਿਰ ਤਿੰਨ ਤੋਂ ਸ਼ਾਮ ਸੱਤ ਵਜੇ ਤਕ ਆਵਾਜਾਈ ਨੂੰ ਬਦਲਵੇਂ ਰਸਤਿਆਂ ਰਾਹੀਂ ਭੇਜਣ ਦੀ ਵਿਵਸਥਾ ਕੀਤੀ ਏ। ਸੁਰੱਖਿਆ ਦੇ ਵੀ ਸਖਤ ਇੰਤਜਾਮ ਕੀਤੇ ਗਏ ਨੇ ਅਤੇ ਵੱਡੀ ਗਿਣਤੀ ਵਿਚ ਪੁਲਿਸ ਅਧਿਕਾਰੀਆਂ ਤੇ ਜਵਾਨਾਂ ਨੂੰ ਤਾਇਨਾਤ ਕੀਤਾ ਗਿਆ ਏ।

---------------------------------------------------

ਏਧਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਜ਼ਿਲ੍ਹੇ ਦੇ ਫ਼ਿਲੌਰ ਸਮੇਤ ਹੋਰਨਾਂ ਵੱਖ ਵੱਖ ਥਾਂਵਾਂ ਤੇ ਪਾਰਟੀ ਉਮੀਦਵਾਰ ਪਵਨ

ਕੁਮਾਰ ਟੀਨੂੰ ਦੇ ਹੱਕ ਵਿੱਚ ਰੋਡ ਸ਼ੋ ਕੀਤੇ। ਉਨਾਂ ਕਿਹਾ ਕਿ ਸੂਬਾ ਸਰਕਾਰ ਨੇ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਏ ਅਤੇ ਲੋਕਾਂ ਨੂੰ ਕਈ ਮੁਫ਼ਤ ਸਹੂਲਤਾਂ ਦਿੱਤੀਆਂ ਨੇ।

---------------------------------------------------

ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਨੇ ਅੱਜ ਪਠਾਨਕੋਟ, ਸੁਜਾਨਪੁਰ ਅਤੇ ਭੋਆ ਦੇ ਪ੍ਰਮੁੱਖ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ, ਦੇਸ਼ ਨੂੰ ਫਿਰਕਾ-ਪ੍ਰਸਤ ਤਾਕਤਾਂ ਦੀ ਗ੍ਰਿਫਤ ਵਿੱਚ ਕੱਢਣ ਲਈ, ਕਾਂਗਰਸ ਪਾਰਟੀ ਦਾ ਸਾਥ ਦੇਣ ਦੀ ਅਪੀਲ ਕੀਤੀ। ਉਨਾਂ ਕਿਹਾ ਕਿ ਜੰਗਲਾਤ ਵਿਭਾਗ ਨੇ ਧਾਰ ਬਲਾਕ ਦੇ ਅਧੀਨ ਆਉਂਦੀ ਕਿਸਾਨਾਂ ਦੀ ਜਿਹੜੀ ਜ਼ਮੀਨ ਆਪਣੇ ਨਾਂ ਤੇ ਕੀਤੀ ਏ, ਉਹ ਵਾਪਸ ਲੈ ਕਿ ਇਲਾਕੇ ਦੇ ਲੋਕਾਂ ਨੂੰ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਧਾਰ ਬਲਾਕ ਦੇ ਲੋਕਾਂ ਨੂੰ ਸਾਫ ਸੁਥਰਾ ਪਾਣੀ ਮੁਹੱਇਆ ਕਰਨਾ ਪਹਿਲਾ ਕੰਮ ਹੋਵੇਗਾ ਅਤੇ ਪਠਾਨਕੋਟ ਦੇ ਇੰਡਸਟਰੀਜ਼ ਗਰੋਥ ਸੈਂਟਰ ਨੂੰ ਅਪਗ੍ਰੇਡ ਕਰਕੇ, ਉਥੇ ਵੱਡੇ ਵੱਡੇ

ਉਦਯੋਗ  ਦੇ ਪ੍ਰੋਜੈਕਟ ਲਿਆ ਕਿ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਦਿੱਤੇ ਜਾਣਗੇ।

-------------------------------------------------------

ਸ੍ਰੀ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ, ਸ਼ਿਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਏ, ਕਿ ਆਮ ਆਦਮੀ ਪਾਰਟੀ ਦੀਆਂ ਵਧੀਕੀਆਂ ਤੋਂ ਸੂਬੇ ਦੇ ਲੋਕ ਵੱਡੀ ਗਿਣਤੀ ਵਿੱਚ ਦੁੱਖੀ ਹੋਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਨੇ। ਖਰੜ ਵਿਖੇ ਅੱਜ ਇਕ ਚੋਣ ਮੀਟਿੰਗ ਵਿਚ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਡੋਰ ਵੀ ਦਿੱਲੀ ਵਾਲਿਆਂ ਦੇ ਹੱਥ ਵਿੱਚ ਏ, ਜਿਸ ਕਰਕੇ ਪੰਜਾਬ ਦੇ ਲੋਕਾਂ ਨਾਲ ਬੇਗਾਨਿਆਂ ਵਾਲਾ ਵਿਵਹਾਰ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਕੇਂਦਰ ਦੇ ਇਸ਼ਾਰਿਆਂ ਤੋਂ ਚੱਲਣ ਵਾਲੀਆਂ ਪਾਰਟੀਆਂ ਸੂਬੇ ਦੇ ਹਿੱਤਾਂ ਬਾਰੇ ਕਦੇ ਵੀ ਹਾਂ ਪੱਖੀ ਸੋਚ ਨਹੀਂ ਰੱਖ ਸਕਦੀਆਂ ਅਤੇ ਕਾਂਗਰਸ ਤੇ ਆਪ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਵਿਕਾਸ ਅਤੇ ਤਰੱਕੀ ਵਾਲੀ ਪੱਟੜੀ ਤੋਂ ਉਤਾਰ ਦਿੱਤਾ ਏ।

---------------------------------------------------

ਪੰਜਾਬ ਦਾ ਸੰਗਰੂਰ ਲੋਕ ਸਭਾ ਹਲਕਾ ਇਨ੍ਹੀਂ ਦਿਨੀਂ ਸੁਰਖੀਆਂ ਵਿੱਚ ਏ, ਕਿਉਂਕਿ ਇਸ ਹਲਕੇ ਵਿੱਚ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਜੱਦੀ ਪਿੰਡ ਏ। ਇਸ ਹਲਕੇ ਵਿਚ 9 ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 23 ਉਮੀਦਵਾਰ ਚੋਣ ਮੈਦਾਨ ਵਿਚ ਨੇ। ਵੋਟਰਾਂ ਦੀ ਗਿਣਤੀ 15 ਲੱਖ 56 ਹਜ਼ਾਰ 601 ਏ ਅਤੇ ਇਸ ਵਿੱਚ 8 ਲੱਖ 24 ਹਜ਼ਾਰ ਇਕ ਮਰਦ, 7 ਲੱਖ 32 ਹਜ਼ਾਰ 554 ਔਰਤ ਜਦਕਿ 46 ਟ੍ਰਾਂਸਜੈਂਡਰ ਵੋਟਰ ਸ਼ਾਮਲ ਨੇ।

***ਹੋਰ ਵੇਰਵਾ ਇਸ ਰਿਪੋਰਟ ਵਿਚ : ਡਿਸਪੈਚ: ਸੰਗਰੂਰ ਲੋਕ ਸਭਾ ਹਲਕੇ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ੁਦ 2014 ਅਤੇ 2019 ਵਿਚ ਸੰਸਦ ਮੈਂਬਰ ਰਹਿ ਚੁੱਕੇ ਨੇ ਪਰ ਵਿਧਾਨ ਸਭਾ ਚੋਣਾਂ ਜਿੱਤਣ ਮਗਰੋਂ ਉਨ੍ਹਾਂ ਦੇ ਅਸਤੀਫੇ ਤੋਂ ਬਾਅਦ ਸਨ 2022 ਵਿੱਚ ਹੋਈ ਜ਼ਿਮਨੀ ਚੋਣ ਵਿਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਿਮਰਨਜੀਤ ਸਿੰਘ ਮਾਨ 35 ਫੀਸਦੀ ਤੋਂ ਵੱਧ ਵੋਟਾਂ***

ਲੈ ਕੇ ਸੰਸਦ ਤਕ ਪੁੱਜਣ ਵਿਚ ਕਾਮਯਾਬ ਹੋਏ ਸਨ। ਇਸ ਵਾਰ ਵੀ ਉਹ ਪੂਰੀ ਤਾਕਤ ਨਾਲ ਚੋਣ ਮੈਦਾਨ ਵਿੱਚ ਨੇ ਜਦਕਿ ਆਮ ਆਦਮੀ ਪਾਰਟੀ ਨੇ ਸੂਬੇ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਆਪਣਾ ਉਮੀਦਵਾਰ ਬਣਾਇਆ ਏ। ਮੁੱਖਮੰਤਰੀ ਦਾ ਆਪਣਾ ਜੱਦੀ ਜ਼ਿਲਾ ਹੋਣ ਕਾਰਨ ਇੱਥੇ ਮੁੱਖ ਮੰਤਰੀ ਦੀ ਭਰੋਸੇਯੋਗਤਾ ਵੀ ਦਾਅ 'ਤੇ ਲੱਗੀ ਹੋਈ ਏ। ਕਾਂਗਰਸ ਦੇ ਸੁਖਪਾਲ ਖਹਿਰਾ ਨੂੰ ਪਾਰਟੀ ਦਾ ਇੱਕ ਜੁਝਾਰੂ ਆਗੂ ਮੰਨਿਆ ਜਾਂਦਾ ਏ ਅਤੇ ਉਹ ਉਸੇ ਤਰ੍ਹਾਂ ਹੀ ਆਪਣੇ ਚੋਣ ਪ੍ਰਚਾਰ ਵਿੱਚ ਵੀ ਰੁੱਝੇ ਹੋਏ ਨੇ ਪਰ ਇਸ ਖੇਤਰ ਦਾ ਵਸਨੀਕ ਨਾ ਹੋਣ ਕਾਰਣ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਜਰੂਰ ਕਰਨਾ ਪੈ ਰਿਹਾ ਏ। ਭਾਜਪਾ ਦੇ ਅਰਵਿੰਦ ਖੰਨਾ ਵੀ ਇਲਾਕੇ ਵਿਚ ਇੱਕ ਜਾਣਿਆ-ਪਛਾਣਿਆ ਚਿਹਰਾ ਨੇ ਅਤੇ ਸੰਗਰੂਰ ਹਲਕੇ ਤੋਂ ਵਿਧਾਇਕ ਵੀ ਰਹਿ ਚੁਕੇ ਨੇ। ਸ਼੍ਰੋਮਣੀ ਅਕਾਲੀ ਦਲ ਦੇ ਇਕਬਾਲ ਸਿੰਘ ਝੂੰਦਾਂ ਨੂੰ ਸ਼ੁਰੂਆਤ ਵਿਚ ਆਪਣੇ ਹੀ ਵਰਕਰਾਂ ਦੇ ਰੋਹ ਦਾ ਸਾਹਮਣਾ ਕਰਨਾ ਪਿਆ ਪਰ ਫੇਰ ਵੀ ਉਹ ਪ੍ਰਚਾਰ ਵਿਚ ਜੁਟੇ ਹੋਏ ਨੇ ਜਦਕਿ ਬਹੁਜਨ ਸਮਾਜ ਪਾਰਟੀ ਦੇ ਮੱਖਣ ਸਿੰਘ ਵੀ ਆਪਣੀ ਚੋਣ ਮੁਹਿੰਮ ਨੂੰ ਅੱਗੇ

*<u>ਵਧਾ ਰਹੇ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>*

---------------------------------------------------------

ਚੋਣ ਕਮਿਸ਼ਨ ਨੇ ਜਲੰਧਰ ਲੋਕਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਨੂੰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਲਈ ਚਿਤਾਵਨੀ ਦਿੱਤੀ ਏ । ਜ਼ਿਕਰਯੋਗ ਏ ਕਿ ਬੀਤੇ 5 ਮਈ ਨੂੰ ਪ੍ਰੈੱਸ ਕਾਨਫਰੰਸ ਦੌਰਾਨ ਉਨਾਂ ਟਿੱਪਣੀ ਕੀਤੀ ਸੀ ਕਿ ਪੁੰਛ ਵਿੱਚ 4 ਮਈ ਨੂੰ ਭਾਰਤੀ ਹਥਿਆਰਬੰਦ ਬਲਾਂ ਦੇ ਕਾਫ਼ਲੇ 'ਤੇ ਹੋਇਆ ਦਹਿਸ਼ਤੀ ਹਮਲਾ ਇੱਕ ਸੋਚਿਆ-ਸਮਝਿਆ 'ਸਟੰਟ' ਸੀ । ਪੰਜਾਬ ਦੇ ਮੁੱਖ ਚੋਣ ਅਫ਼ਸਰ ਦੇ ਦਫਤਰ ਤੋਂ ਇਕ ਬੁਲਾਰੇ ਨੇ ਦੱਸਿਆ ਕਿ ਚਰਨਜੀਤ ਸਿੰਘ ਚੰਨੀ ਨੂੰ ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਇਸ ਟਿੱਪਣੀ ਸਬੰਧੀ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ । ਚੋਣ ਕਮਿਸ਼ਨ ਨੇ ਉਨਾਂ ਨੂੰ ਭਵਿੱਖ ਵਿੱਚ ਅਜਿਹੀਆਂ ਉਲੰਘਣਾਵਾਂ ਤੋਂ ਬਚਣ ਦੀ ਸਲਾਹ ਅਤੇ ਚਿਤਾਵਨੀ ਦਿੰਦਿਆਂ ਚੋਣ ਜ਼ਾਬਤੇ ਦੀ ਸਹੀ ਅਰਥਾਂ ਵਿੱਚ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਏ ।

---------------------------------------------------

ਭਗਵਾਨ ਗੌਤਮ ਬੁੱਧ ਦਾ ਜਨਮ ਦਿਹਾੜਾ ਬੁੱਧ ਪੂਰਨਿਮਾ ਦੇਸ਼-ਵਿਦੇਸ਼ 'ਚ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੁੱਧ ਪੂਰਨਿਮਾ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ ।

---------------------------------------------------

ਪੰਜਾਬ ਵਿਚ ਗਰਮੀ ਤੋਂ ਰਾਹਤ ਮਿਲਣ ਦੀ ਫਿਲਹਾਲ ਕੋਈ ਆਸ ਨਹੀਂ ਏ । ਬਠਿੰਡਾ ਦਾ ਤਾਪਮਾਨ ਲਗਾਤਾਰ ਚਾਰ ਦਿਨਾਂ ਤੋਂ ਸਭ ਤੋਂ ਵੱਧ ਦਰਜ ਕੀਤਾ ਜਾ ਰਿਹਾ ਏ । ਕਲ ਬਠਿੰਡਾ ਵਿੱਚ ਤਾਪਮਾਨ 46.6 ਡਿਗਰੀ ਸੈਲਸੀਅਸ ਰਿਹਾ । ਮੌਸਮ ਵਿਭਾਗ ਨੇ ਅੱਜ 10 ਜ਼ਿਲ੍ਹਿਆਂ ਵਿੱਚ ਹੀਟ ਵੇਵ ਦਾ ਰੈੱਡ ਅਲਰਟ ਜਾਰੀ ਕੀਤਾ ਏ । ਇਨਾਂ ਜ਼ਿਲਿਆਂ ਵਿਚ ਬਰਨਾਲਾ, ਮਾਨਸਾ, ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜ਼ਪੁਰ, ਫ਼ਾਜ਼ਿਲਕਾ , ਫ਼ਰੀਦਕੋਟ, ਮੁਕਤਸਰ, ਮੋਗਾ ਅਤੇ ਬਠਿੰਡਾ ਸ਼ਾਮਲ ਨੇ

ਜਦਕਿ 13 ਜ਼ਿਲ੍ਹਿਆਂ ਨੂੰ ਆਰੇਂਜ ਅਲਰਟ 'ਤੇ ਰੱਖਿਆ ਗਿਆ ਏ। ਲੋਕਾਂ ਨੂੰ ਬਿਨਾਂ ਕੰਮ ਤੋਂ ਬਾਹਰ ਨਾ ਨਿਕਲਣ ਅਤੇ ਪਾਣੀ ਦਾ ਸੇਵਨ ਲਗਾਤਾਰ ਕਰਦੇ ਰਹਿਣ ਦੀ ਸਲਾਹ ਦਿੱਤੀ ਗਈ ਏ। ਏਧਰ ਸੂਬੇ ਵਿਚ ਬਿਜਲੀ ਦੀ ਮੰਗ ਰਿਕਾਰਡਤੋੜ ਵਾਧ ਗਈ ਏ। ਕਲ 22 ਮਈ ਨੂੰ ਇਹ ਮੰਗ 14 ਹਜ਼ਾਰ 322 ਮੈਗਾਵਾਟ ਨੂੰ ਪਾਰ ਕਰ ਗਈ। ਗਰਮੀ ਦੇ ਮੌਜੂਦਾ ਰੁਖ ਨੂੰ ਦੇਖਦਿਆਂ ਇਸ ਮੰਗ ਦੇ 17 ਹਜ਼ਾਰ ਮੈਗਾਵਾਟ ਤੱਕ ਪਹੁੰਚਣ ਦੀ ਸੰਭਾਵਨਾ ਏ।

---------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਟਿਆਲਾ ਵਿਚ BJP ਦੀ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੰਡੀ ਗਠਜੋੜ ਸਮਾਜ ਤੇ ਦੇਸ਼ ਨੂੰ ਵੰਡਣਾ ਚਾਹੁੰਦਾ ਏ, ਜਦਕਿ ਮੋਦੀ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣਾ ਚਾਹੁੰਦਾ ਏ।

- ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਲੋਕਸਭਾ ਹਲਕੇ ਵਿਚ ਰੋਡ ਸ਼ੋ ਕੀਤਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੀ ਪ੍ਰਚਾਰ ਵਿਚ ਰੁਝੇ।
- ਚੋਣ ਕਮਿਸ਼ਨ ਨੇ ਜਲੰਧਰ ਲੋਕਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਨੂੰ, ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਲਈ ਚਿਤਾਵਨੀ ਦਿੱਤੀ ਏ।
- ਪੰਜਾਬ ਵਿਚ ਜਬਰਦਸਤ ਗਰਮੀ ਦਾ ਕਹਿਰ ਅਗਲੇ ਦਿਨਾਂ ਵਿਚ ਵਧਣ ਦੀ ਸੰਭਾਵਨਾ, ਬਿਜਲੀ ਦੀ ਮੰਗ ਵੀ ਕਈ ਗੁਣਾ ਵੱਧ ਗਈ ਏ।